# ਸਿਰੀਰਾਗੁ ਮਹਲਾ ੧ ਘਰੁ ੪ ॥

ਤੂ ਦਰੀਆਉ ਦਾਨਾ ਬੀਨਾ ਮੈ ਮਛੁਲੀ ਕੈਸੇ ਅੰਤੁ ਲਹਾ ॥ ਜਹ ਜਹ ਦੇਖਾ ਤਹ ਤਹ ਤੂ ਹੈ ਤੁਝ ਤੇ ਨਿਕਸੀ ਫੂਟਿ ਮਰਾ ॥ ੧ ॥ ਨ ਜਾਣਾ ਮੇਉ ਨ ਜਾਣਾ ਜਾਲੀ ॥ ਜਾ ਦੁਖੁ ਲਾਗੈ ਤਾ ਤੁਝੈ ਸਮਾਲੀ ॥ ੧ ॥ ਰਹਾਉ ॥ ਤੂ ਭਰਪੂਰਿ ਜਾਨਿਆ ਮੈ ਦੂਰਿ ॥ ਜੋ ਕਛੁ ਕਰੀ ਸੁ ਤੇਰੈ ਹਦੂਰਿ ॥ ਤੂ ਦੇਖਹਿ ਹਉ ਮੁਕਰਿ ਪਾਉ ॥ ਤੇਰੈ ਕੰਮਿ ਨ ਤੇਰੈ ਨਾਇ ॥ ੨ ॥ ਜੇਤਾ ਦੇਹਿ ਤੇਤਾ ਹਉ ਖਾਉ ॥ ਬਿਆ ਦਰੁ ਨਾਹੀ ਕੈ ਦਰਿ ਜਾਉ ॥ ਨਾਨਕੁ ਏਕ ਕਹੈ ਅਰਦਾਸਿ ॥ ਜੀਉ ਪਿੰਡੁ ਸਭੁ ਤੇਰੈ ਪਾਸਿ ॥ ੩ ॥ ਆਪੇ ਨੇੜੈ ਦੂਰਿ ਆਪੇ ਹੀ ਆਪੇ ਮੰਝਿ ਮਿਆਨੋੁ ॥ ਆਪੇ ਵੇਖੈ ਸੁਣੇ ਆਪੇ ਹੀ ਕੁਦਰਤਿ ਕਰੇ ਜਹਾਨੋੁ ॥ ਜੋ ਤਿਸੁ ਭਾਵੈ ਨਾਨਕਾ ਹੁਕਮੁ ਸੋਈ ਪਰਵਾਨੋੁ ॥ ੪ ॥ ੩੧ ॥

ਅੰਕ ੨੫